19 Oct.-GRP-Pages.qxd 10/19/2025 11:12 PM Page 1



# ਬਟਾਲਾ ਦੀ ਮੱਲ੍ਹੀ ਮਾਰਕਿਟ 'ਚ ਗੋਲੀ ਚੱਲਣ ਦੇ ਮਾਮਲੇ 'ਚ 5 ਗ੍ਰਿਫ਼ਤਾਰ-2 ਫਰਾਰ

## ਗੋਲੀ ਚੱਲਣ ਸਮੇਂ ਇੰਟੈਲੀਜੈਂਸ ਵਿਭਾਗ ਦਾ ਇਕ ਕਰਮਚਾਰੀ ਹੋਇਆ ਸੀ ਜ਼ਖ਼ਮੀ

ਬਟਾਲਾ, 19 ਅਕਤੂਬਰ (ਸਤਿੰਦਰ ਸਿੰਘ)-ਬੀਤੇ ਦਿਨੀਂ ਬਟਾਲਾ ਦੇ ਡੇਰਾ ਰੋਡ 'ਤੇ ਸਥਿਤ ਮੱਲ੍ਹੀ ਮਾਰਕਿਟ 'ਚ ਗੋਲੀ ਚੱਲਣ ਦੇ ਮਾਮਲੇ 'ਚ ਬਟਾਲਾ ਪੁਲਿਸ ਨੇ 2 ਔਰਤਾਂ ਸਮੇਤ 5 ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਜਦ ਕਿ ਇਨ੍ਹਾਂ ਦੇ 2 ਹੋਰ ਹਮਾਇਤੀ ਫਰਾਰ ਚੱਲ ਰਹੇ ਹਨ। ਗੋਲੀ ਚੱਲਣ ਸਮੇਂ ਇੰਟੈਲੀਜੈਂਸ ਵਿਭਾਗ ਦਾ ਇਕ ਕਰਮਚਾਰੀ ਜ਼ਖ਼ਮੀ ਹੋਇਆ ਸੀ। ਜਾਣਕਾਰੀ ਦਿੰਦਿਆਂ ਥਾਣਾ ਸਿਵਲ ਲਾਇਨ ਬਟਾਲਾ ਦੇ ਐਸ.ਐਚ.ਓ. ਹਰਜਿੰਦਰ ਸਿੰਘ ਨੇ ਦੱਸਿਆ ਕਿ ਅਮਿਤ ਸ਼ਰਮਾ ਪੁੱਤਰ ਦਰਸ਼ਨ ਸ਼ਰਮਾ ਵਾਸੀ ਦਾਰਾਪੁਰ ਜੋ ਕਿ ਕਾਊਂਟਰ ਇੰਟੈਲੀਜੈਂਸ ਵਿਭਾਗ ਪਠਾਨਕੋਟ ਵਿਖੇ ਤਾਇਨਾਤ ਹਨ, ਨੇ ਸ਼ਿਕਾਇਤ ਦਰਜ ਕਰਵਾਈ ਕਿ ਉਹ ਥਾਣਾ ਅੰਮ੍ਰਿਤਸਰ ਵਿਚ ਅਸਲਾ ਐਕਟ ਤਹਿਤ ਲੋੜੀਂਦੇ ਦੋਸ਼ੀ ਮੋਨੂੰ ਮਸੀਹ ਉਰਫ ਲਿਖਾਰੀ ਮਸੀਹ ਵਾਸੀ ਪੱਖੋਕੇ ਟਾਹਲੀ ਸਾਹਿਬ ਨੂੰ ਗ੍ਰਿਫਤਾਰ ਕਰਨ ਲਈ ਉਸ ਦਾ ਪਿੱਛਾ ਕਰਦਾ ਆ ਰਿਹਾ ਸੀ। ਉਸ ਦਾ ਕਹਿਣਾ ਸੀ ਕਿ ਮੋਨੂੰ ਮਸੀਹ ਦੀ ਮਾਤਾ ਰਾਜ, ਪਿਤਾ ਸੱਬਾ ਮਸੀਹ ਤੇ ਭੈਣ ਪ੍ਰਿਯੰਕਾ ਪਤਨੀ ਸਨੀ ਮਸੀਹ ਸਾਰੇ ਵਾਸੀ ਸਾਰਚੂਰ ਇਸ ਨੂੰ ਛਪਾਉਂਦੇ ਸਨ ਤੇ ਇਸ ਨੂੰ ਹੋਰ ਜਾਣਕਾਰੀ ਵੀ ਦਿੰਦੇ ਸਨ, ਜਿਸ 'ਤੇ ਅਸੀਂ ਇਕ ਗੁਪਤ ਸੂਚਨਾ ਦੇ ਆਧਾਰ 'ਤੇ ਇਸ ਦਾ ਪਿੱਛਾ ਕਰਦਿਆਂ ਮੱਲ੍ਹੀ ਮਾਰਕਿਟ 'ਚ ਪਹੁੰਚੇ ਤਾਂ ਉਥੇ ਇਹ ਇਕ ਕਾਰ ਵਿਚ ਬੈਠੇ ਸਨ, ਉਨ੍ਹਾਂ ਨੇ ਇੰਟੈਲੀਜੈਂਸ ਪੁਲਿਸ ਨੂੰ ਦੇਖ ਕੇ ਦੌੜਨ ਦੀ ਕੋਸ਼ਿਸ਼ ਕੀਤੀ ਤੇ ਇਸ ਦੌਰਾਨ ਉਨ੍ਹਾਂ ਨੇ ਗੋਲੀ ਚਲਾ ਦਿੱਤੀ, ਜਿਸ ਨਾਲ ਹੈੱਡ ਕਾਂਸਟੇਬਲ ਕੁਲਪਿੰਦਰ ਸਿੰਘ ਜ਼ਖ਼ਮੀ ਹੋ ਗਿਆ। ਐਸ.ਐਚ.ਓ. ਹਰਜਿੰਦਰ ਸਿੰਘ ਨੇ ਦੱਸਿਆ ਕਿ ਇਸ ਮਾਮਲੇ 'ਚ ਪੁਲਿਸ ਨੇ ਕਰਤਾਰ ਸਿੰਘ ਪੁੱਤਰ ਹਰਪਾਲ ਸਿੰਘ ਵਾਸੀ ਜਾਂਗਲਾ, ਜਗਜੀਤ ਸਿੰਘ ਉਰਫ ਜੱਗੀ ਵਾਸੀ ਕਠਿਆਲਾ, ਸੱਬਾ ਮਸੀਹ, ਰਾਜ ਪਤਨੀ ਸੱਬਾ ਮਸੀਹ, ਪ੍ਰਿਯੰਕਾ ਪਤਨੀ ਸੰਨੀ ਮਸੀਹ, ਮੁਨੀਸ਼ ਪੁੱਤਰ ਸੁਖਵੰਤ ਸਿੰਘ ਵਾਸੀ ਸੁੰਦਰ ਨਗਰ ਬਟਾਲਾ, ਸਾਹਿਲ ਮਸੀਹ ਉਰਫ ਮੋਨੂੰ ਲਿਖਾਰੀ 'ਤੇ ਮਾਮਲਾ ਦਰਜ ਕੀਤਾ ਸੀ। ਉਨ੍ਹਾਂ ਕਿਹਾ ਕਿ ਪੁਲਿਸ ਨੇ ਮਾਮਲੇ ਦੀ ਛਾਣਬੀਣ ਕਰਕੇ ਕੀਤੀ ਕਾਰਵਾਈ 'ਚ ਉਕਤ 'ਚੋਂ 2 ਔਰਤਾਂ ਸਮੇਤ 5 ਜਣਿਆਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ, ਜਦ ਕਿ ਸਾਹਿਲ ਮਸੀਹ ਅਤੇ ਮੁਨੀਸ਼ ਅਜੇ ਤੱਕ ਫਰਾਰ ਹਨ, ਇਨ੍ਹਾਂ ਨੂੰ ਵੀ ਜਲਦ ਗ੍ਰਿਫ਼ਤਾਰ ਕਰ ਲਿਆ ਜਾਵੇਗਾ।


ਗੋਲੀ ਚੱਲਣ ਦੇ ਮਾਮਲੇ 'ਚ ਗ੍ਰਿਫ਼ਤਾਰ ਕੀਤੇ 2 ਦੋਸ਼ੀਆਂ ਬਾਰੇ ਜਾਣਕਾਰੀ ਦਿੰਦੇ ਪੁਲਿਸ ਮੁਲਾਜ਼ਮ। ਤਸਵੀਰ : ਜਤਿੰਦਰ ਕੱਦ

## ਜ਼ਿਲ੍ਹੇ ਦੀਆਂ ਮੰਡੀਆਂ 'ਚ ਝੋਨੇ ਦੀ 263445 ਮੀਟਰਿਕ ਟਨ ਦੀ ਖ਼ਰੀਦ

ਗੁਰਦਾਸਪੁਰ, 19 ਅਕਤੂਬਰ (ਅਸ਼ੋਕ ਸ਼ਰਮਾ)-ਜ਼ਿਲ੍ਹੇ ਦੀਆਂ ਮੰਡੀਆਂ 'ਚ ਬੀਤੀ ਸ਼ਾਮ ਤੱਕ 273543 ਮੀਟਰਿਕ ਟਨ ਝੋਨੇ ਦੀ ਫ਼ਸਲ ਦੀ ਆਮਦ ਹੋਈ ਸੀ, ਜਿਸ 'ਚੋਂ 263445 ਮੀਟਰਿਕ ਟਨ ਝੋਨੇ ਦੀ ਖ਼ਰੀਦ ਕੀਤੀ ਜਾ ਚੁੱਕੀ ਹੈ ਤੇ ਫ਼ਸਲ ਦੀ ਚੁਕਾਈ ਅਤੇ ਅਦਾਇਗੀ ਨੂੰ ਨਿਸ਼ਚਿਤ ਸਮੇਂ ਅੰਦਰ ਕਰਨ ਨੂੰ ਯਕੀਨੀ ਬਣਾਇਆ ਗਿਆ ਹੈ। ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਫ਼ਸਲ ਕੱਟਣ ਉਪਰੰਤ ਫ਼ਸਲ ਦੀ ਰਹਿੰਦ ਖ਼ੂੰਹਦ ਨੂੰ ਸਾੜਨ ਦੀ ਬਜਾਏ ਪੈਲੀ 'ਚ ਵਾਹ ਕੇ ਹੀ ਕਣਕ ਦੀ ਬਿਜਾਈ ਕੀਤੀ ਜਾਵੇ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਝੋਨੇ ਦੀ ਕੱਟਾਈ ਝੋਨਾ ਪੂਰੀ ਤਰ੍ਹਾਂ ਪੱਕਣ 'ਤੇ ਹੀ ਕੀਤੀ ਜਾਵੇ ਤੇ ਕੇਵਲ ਸੁੱਕਾ ਝੋਨਾ ਹੀ ਮੰਡੀਆਂ ਵਿਚ ਵੇਚਣ ਲਈ ਲਿਆਂਦਾ ਜਾਵੇ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਵਲੋਂ ਖ਼ਰੀਦ ਵੇਲੇ ਝੋਨੇ 'ਚ ਨਮੀ ਦੀ ਹੱਦ 17 ਫ਼ੀਸਦੀ ਨਿਰਧਾਰਿਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਕਿਸਾਨ ਦੇ ਝੋਨੇ ਦੀ ਫ਼ਸਲ ਵਿਚ 17 ਫ਼ੀਸਦੀ ਤੋਂ ਵੱਧ ਦੀ ਨਮੀ ਪਾਈ ਜਾਂਦੀ ਹੈ ਤਾਂ, ਉਸ ਦੀ ਜਿਨਸ ਦੀ ਖ਼ਰੀਦ ਨਹੀਂ ਹੋ ਪਾਉਂਦੀ, ਜਿਸ ਕਾਰਨ ਕਿਸਾਨਾਂ ਨੂੰ ਮੰਡੀ ਵਿਚ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਡਿਪਟੀ ਕਮਿਸ਼ਨਰ ਨੇ ਸਾਰੇ ਕੰਬਾਈਨ ਓਪਰੇਟਰਾਂ ਨੂੰ ਵੀ ਹਦਾਇਤ ਕੀਤੀ ਹੈ ਕਿ ਉਹ ਸਵੇਰੇ 10 ਵਜੇ ਤੋਂ ਸ਼ਾਮ 6 ਵਜੇ ਤੱਕ ਹੀ ਝੋਨੇ ਦੀ ਕਟਾਈ ਕਰਨ।


ਜੈਮਸ ਸਕੂਲ ਬਟਾਲਾ 'ਚ ਮਨਾਈ ਦੀਵਾਲੀ ਦੇ ਦ੍ਰਿਸ਼। ਅਜੀਤ ਤਸਵੀਰਾਂ

# ਜੈਮਸ ਸਕੂਲ ਬਟਾਲਾ ਵਿਖੇ ਉਤਸ਼ਾਹ ਨਾਲ ਮਨਾਈ ਹਰਿਆਵਲ ਦੀਵਾਲੀ

ਬਟਾਲਾ, 19 ਅਕਤੂਬਰ (ਸਤਿੰਦਰ ਸਿੰਘ)-ਜੈਮਸ ਕੈਂਬਰਿਜ ਇੰਟਰਨੈਸ਼ਨਲ ਸਕੂਲ ਬਟਾਲਾ ਵਿਖੇ ਦੀਵਾਲੀ ਦਾ ਤਿਉਹਾਰ ਉਤਸ਼ਾਹ ਤੇ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਵਲੋਂ ਰੰਗੋਲੀ ਬਣਾਈ, ਦੀਵੇ ਜਲਾ ਕੇ ਖ਼ੁਸ਼ੀ ਮਨਾਈ ਗਈ। ਉਪਰੰਤ ਬੱਚਿਆਂ ਦੁਆਰਾ ਦੀਵਾਲੀ ਨਾਲ ਸੰਬੰਧਿਤ ਵੱਖ-ਵੱਖ ਗਤੀਵਿਧੀਆਂ ਕੀਤੀਆਂ ਗਈਆਂ, ਜਿਸ 'ਚ ਵਿਦਿਆਰਥੀਆਂ ਨੇ ਵਧ ਚੜ੍ਹ ਕੇ ਆਪਣਾ ਯੋਗਦਾਨ ਪਾਇਆ। ਸਕੂਲ 'ਚ ਹੋਏ ਸਮਾਗਮ ਵਿਚ ਬੱਚਿਆਂ ਨੇ ਭਗਵਾਨ ਰਾਮ ਦੇ ਅਵਤਾਰ ਤੇ ਅਸਲ ਦੀਵਾਲੀ ਦੇ ਅਰਥ ਦੱਸੇ ਤੇ ਇਸ ਦੇ ਨਾਲ ਹੀ ਬੰਦੀ ਛੋੜ ਦਿਵਸ ਦੀ ਜਾਣਕਾਰੀ ਦਿੰਦਿਆਂ ਇਸ ਤਿਉਹਾਰ ਦੇ ਇਤਿਹਾਸ ਤੋਂ ਜਾਣੂ ਕਰਵਾਇਆ। ਸਕੂਲ ਦੇ ਚੇਅਰਮੈਨ ਰਜਿੰਦਰ ਸਿੰਘ ਸਾਂਘਾ ਤੇ ਡਾਇਰੈਕਟਰ ਮਨਜੀਤ ਸਾਂਘਾ ਵਲੋਂ ਵਿਦਿਆਰਥੀਆਂ ਨੂੰ ਹਰਿਆਵਲੀ ਦੀਵਾਲੀ ਮਨਾਉਣ ਦਾ ਸੰਦੇਸ਼ ਦਿੱਤਾ ਤੇ ਨਾਲ ਹੀ ਬੱਚਿਆਂ ਨੂੰ ਪਟਾਕੇ ਨਾ ਚਲਾਉਣ, ਵਾਤਾਵਰਨ ਦੀ ਰੱਖਿਆ ਕਰਨ ਤੇ ਪਰਿਵਾਰ ਨਾਲ ਸਮਾਂ ਬਿਤਾਉਣ ਬਾਰੇ ਸਿੱਖਿਆ ਦਿੱਤੀ ਗਈ। ਸਕੂਲ ਦੇ ਅਧਿਆਪਕਾਂ ਨੇ ਵੀ ਵਿਦਿਆਰਥੀਆਂ ਨੂੰ ਦਿਲਚਸਪ ਢੰਗ ਨਾਲ ਦੀਵਾਲੀ ਦੇ ਇਤਿਹਾਸ ਤੇ ਆਧੁਨਿਕ ਸਮੇਂ 'ਚ ਉਸ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ। ਪ੍ਰਿੰਸੀਪਲ ਚਾਰੂ ਸਿੰਘ ਪਨੂੰ ਵਲੋਂ ਵਿਦਿਆਰਥੀਆਂ ਨੂੰ ਇਹ ਸਮਝਾਇਆ ਗਿਆ ਕਿ ਦੀਵਾਲੀ ਸਿਰਫ਼ ਰੌਸ਼ਨੀ ਦਾ ਤਿਉਹਾਰ ਹੀ ਨਹੀਂ, ਸਗੋਂ ਬੁਰਾਈ ਉੱਤੇ ਸੱਚਾਈ ਦੀ ਜਿੱਤ ਹੈ ਤੇ ਅੰਦਰਲੀ ਅਗਿਆਨਤਾ ਨੂੰ ਦੂਰ ਕਰ ਕੇ ਗਿਆਨ ਦੀ ਰੌਸ਼ਨੀ ਫ਼ੈਲਾਉਣ ਦਾ ਤਿਉਹਾਰ ਹੈ। ਇਸ ਤਿਉਹਾਰ ਮੌਕੇ ਵਿਦਿਆਰਥੀਆਂ ਦੁਆਰਾ ਇਹ ਵਾਅਦਾ ਕੀਤਾ ਗਿਆ ਕਿ ਉਹ ਸਾਵਧਾਨੀ ਅਤੇ ਵਾਤਾਵਰਨ ਦੀ ਸਫ਼ਾਈ ਦਾ ਧਿਆਨ ਰੱਖਦੇ ਹੋਏ ਦਿਵਾਲੀ ਮਨਾਉਣਗੇ।

# ਸਲਵਾਨ ਬੈਂਕੁਅਟ ਵਲੋਂ ਦੀਵਾਲੀ ਨੂੰ ਸਮਰਪਿਤ ਬੱਚਿਆਂ ਦਾ ਰੰਗਾਰੰਗ ਸਮਾਗਮ

ਬਟਾਲਾ, 19 ਅਕਤੂਬਰ (ਬੁੱਟਰ)-ਸਲਵਾਨ ਬੈਂਕੁਅਟ ਬਟਾਲਾ ਵਲੋਂ ਮੁੱਖ ਪ੍ਰਬੰਧਕ ਨੇਹਾ ਮਲਹੋਤਰਾ ਦੀ ਅਗਵਾਈ 'ਚ ਦੀਵਾਲੀ ਦੇ ਤਿਉਹਾਰ ਨੂੰ ਸਮਰਪਿਤ ਵਿਸ਼ੇਸ਼ ਬੱਚਿਆਂ ਦਾ ਰੰਗਾਰੰਗ ਪ੍ਰੋਗਰਾਮ ਕਰਵਾਇਆ ਗਿਆ। ਸਮਾਗਮ 'ਚ ਵੱਡੀ ਗਿਣਤੀ 'ਚ ਬੱਚਿਆਂ ਨੇ ਸ਼ਮੂਲੀਅਤ ਕੀਤੀ, ਜਿਨਾਂ ਦਾ ਪ੍ਰਬੰਧਕਾਂ ਵਲੋਂ ਨਿੱਘਾ ਸਵਾਗਤ ਕੀਤਾ। ਸਮਾਗਮ ਵਿਚ ਬੱਚਿਆਂ ਦੀਆਂ ਬਹੁਤ ਹੀ ਪ੍ਰਭਾਵਸ਼ਾਲੀ ਗਤੀਵਿਧੀਆਂ ਕਰਵਾਈਆਂ, ਜਿਨ੍ਹਾਂ 'ਚ ਇਨਡੋਰ ਖੇਡਾਂ, ਚਾਕਲੇਟ ਬਣਾਉਣੀ, ਸੁੰਦਰ ਲਿਖਾਈ ਦੀ ਕਲਾ ਸਿਖਾਈ ਗਈ। ਇਸ ਤੋਂ ਇਲਾਵਾ ਬੱਚਿਆਂ ਨੇ ਬਹੁਤ ਹੀ ਆਕ੍ਰਸ਼ਿਤ ਰੰਗ ਬਰੰਗੀਆਂ ਪੇਂਟਿੰਗ ਵੀ ਬਣਾਈਆਂ। ਅਖੀਰ 'ਚ ਡਾਂਸ ਤੇ ਹੋਰ ਸੱਭਿਆਚਾਰਕ ਸਮਾਗਮ ਵੀ ਪੇਸ਼ ਕੀਤਾ ਗਿਆ। ਪ੍ਰਬੰਧਕਾਂ ਵਲੋਂ ਬੱਚਿਆਂ ਨੂੰ ਸਨਮਾਨਿਤ ਵੀ ਕੀਤਾ।


ਸਮਾਗਮ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਨੇਹਾ ਮਲਹੋਤਰਾ। ਤਸਵੀਰ : ਜਤਿੰਦਰ ਕੱਦ

## ਡਾ. ਰਣਧੀਰ ਸਿੰਘ ਬਾਹਮਣੀ ਨੂੰ ਮੁੱਖ ਖੇਤੀਬਾੜੀ ਅਫ਼ਸਰ ਨਿਯੁਕਤ ਹੋਣ 'ਤੇ ਪਿੰਡ ਜੋਗਰ ਦੀ ਪੰਚਾਇਤ ਵਲੋਂ ਵਧਾਈ

ਬਹਿਰਾਮਪੁਰ, 19 ਅਕਤੂਬਰ (ਪ੍ਰੋ: ਬਲਬੀਰ ਸਿੰਘ ਕੋਲਾ)-ਕਸਬਾ ਬਹਿਰਾਮਪੁਰ ਦੇ ਨੇੜੇ ਪੈਂਦੇ ਪਿੰਡ ਬਾਹਮਣੀ ਦੇ ਵਸਨੀਕ ਡਾ. ਰਣਧੀਰ ਸਿੰਘ ਨੂੰ ਜ਼ਿਲ੍ਹਾ ਗੁਰਦਾਸਪੁਰ ਦਾ ਮੁੱਖ ਖੇਤੀਬਾੜੀ ਅਫਸਰ ਲੱਗਣ 'ਤੇ ਪਿੰਡ ਜੋਗਰ ਦੀ ਪੰਚਾਇਤ ਵਲੋਂ ਸਨਮਾਨਿਤ ਕੀਤਾ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਮਾਜ ਸੇਵਕ ਰਾਜਵਿੰਦਰ ਸਿੰਘ ਜੋਗਰ ਨੇ ਦੱਸਿਆ ਕਿ ਡਾ. ਰਣਧੀਰ ਸਿੰਘ ਬਾਹਮਣੀ ਨੂੰ ਮੁੱਖ ਖੇਤੀਬਾੜੀ ਅਫਸਰ ਗੁਰਦਾਸਪੁਰ ਨਿਯੁਕਤ ਹੋਣ 'ਤੇ ਸਰਪੰਚ ਦਵਿੰਦਰ ਸਿੰਘ ਜੋਗਰ ਵਲੋਂ ਵਧਾਈ ਦਿੱਤੀ ਗਈ ਤੇ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਉਨ੍ਹਾਂ ਦਾ ਸਨਮਾਨ ਕੀਤਾ। ਇਸ ਮੌਕੇ ਸਮਾਜ ਸੇਵਕ ਰਾਜਵਿੰਦਰ ਸਿੰਘ ਜੋਗਰ ਨੇ ਕਿਹਾ ਕਿ ਡਾ. ਰਣਧੀਰ ਸਿੰਘ ਦੇ ਮੁੱਖ ਖੇਤੀਬਾੜੀ ਅਫਸਰ ਨਿਯੁਕਤ ਹੋਣ ਨਾਲ ਇਲਾਕੇ ਦਾ ਨਾਂਅ ਉੱਚਾ ਹੋਇਆ ਹੈ।


ਡਾ. ਐਮ.ਆਰ.ਐਸ. ਭੱਲਾ ਸਕੂਲ 'ਚ ਮਨਾਈ ਦੀਵਾਲੀ ਮੌਕੇ ਵਿਦਿਆਰਥੀਆਂ ਨਾਲ ਅਧਿਆਪਕ ਤੇ ਪ੍ਰਬੰਧਕ। ਤਸਵੀਰ : ਵਨੀਤ ਗੋਇਲ

# ਡਾ. ਐਮ.ਆਰ.ਐਸ. ਭੱਲਾ ਸਕੂਲ ਵਿਚ ਧੂਮ-ਧਾਮ ਨਾਲ ਮਨਾਇਆ ਦੀਵਾਲੀ ਦਾ ਤਿਉਹਾਰ

ਬਟਾਲਾ, 19 ਅਕਤੂਬਰ (ਸਤਿੰਦਰ ਸਿੰਘ)-ਸਥਾਨਕ ਡਾ. ਐਮ.ਆਰ.ਐਸ. ਭੱਲਾ ਡੀ.ਏ.ਵੀ. ਸਕੂਲ ਕਿਲ੍ਹਾ ਮੰਡੀ ਬਟਾਲਾ ਦੀ ਪ੍ਰਿੰਸੀਪਲ ਸ੍ਰੀਮਤੀ ਰੀਚਾ ਮਹਾਜਨ ਨੇ ਦੱਸਿਆ ਕਿ ਸਕੂਲ 'ਚ ਦੀਵਾਲੀ ਦਾ ਤਿਉਹਾਰ ਬਹੁਤ ਹੀ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਰੰਗੋਲੀ ਦਾ ਮੁਕਾਬਲਾ ਤੇ ਹੱਥ ਨਾਲ ਬਣਾਈ ਹੋਈਆਂ ਚੀਜ਼ਾਂ ਦੀ ਪ੍ਰਦਰਸ਼ਨੀ ਲਗਾਈ ਗਈ। ਇਸ ਮੁਕਾਬਲੇ 'ਚ ਵਿਦਿਆਰਥੀਆਂ ਨੇ ਆਪਣੀ ਬਿਹਤਰੀਨ ਕਲਾ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਸਕੂਲ ਦੀ ਸਥਾਨਕ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਅਰੁਣ ਅਗਰਵਾਲ ਨੇ ਮੁੱਖ ਮਹਿਮਾਨ ਤੇ ਸੀਨੀਅਰ ਮੈਂਬਰ ਕੇ.ਐੱਲ. ਗੁਪਤਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਅਰੁਣ ਅਗਰਵਾਲ ਨੇ ਵਿਦਿਆਰਥੀਆਂ ਦੀ ਕਲਾ ਦੀ ਪ੍ਰਸ਼ੰਸਾ ਕੀਤੀ। ਸ੍ਰੀ ਕੇ.ਐੱਲ. ਗੁਪਤਾ ਨੇ ਸਭ ਨੂੰ ਦੀਵਾਲੀ ਦੀ ਵਧਾਈ ਤੇ ਸ਼ੁਭਕਾਮਨਾਵਾਂ ਦਿੱਤੀਆਂ। ਮੁਕਾਬਲਿਆਂ 'ਚ ਜੇਤੂ ਰਹਿਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਵੀ ਦਿੱਤੇ ਗਏ। ਇਸ ਮੌਕੇ ਸਕੂਲ ਸਟਾਫ਼ ਹਾਜ਼ਰ ਸੀ।


ਵੁੱਡਸਟਾਕ ਪਬਲਿਕ ਸਕੂਲ 'ਚ ਦੀਵਾਲੀ ਮਨਾਉਣ ਸਮੇਂ ਪ੍ਰਬੰਧਕ ਤੇ ਅਧਿਆਪਕ ਸਟਾਲ ਦੇਖਦੇ ਹੋਏ। ਤਸਵੀਰ : ਵਨੀਤ ਗੋਇਲ

# ਵੁੱਡਸਟਾਕ ਪਬਲਿਕ ਸਕੂਲ 'ਚ ਦੀਵਾਲੀ ਸ਼ਰਧਾ ਭਾਵਨਾ ਨਾਲ ਮਨਾਈ

ਬਟਾਲਾ, 19 ਅਕਤੂਬਰ (ਸਤਿੰਦਰ ਸਿੰਘ)-ਵੁੱਡ ਸਟਾਕ ਪਬਲਿਕ ਸਕੂਲ ਬਟਾਲਾ 'ਚ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਡਾ. ਸਤਨਾਮ ਸਿੰਘ ਨਿੱਝਰ, ਚੇਅਰਪਰਸਨ ਡਾ. ਸਤਿੰਦਰਜੀਤ ਕੌਰ, ਪ੍ਰਿੰ. ਡਾ. ਐਨਸੀ, ਵਿਦਿਅਕ ਡਾਇਰੈਕਟਰ ਸ੍ਰੀਮਤੀ ਵਸੂਧਾ ਸ਼ਰਮਾ ਦੀ ਯੋਗ ਰਹਿਨੁਮਾਈ ਹੇਠ ਦੀਵਾਲੀ ਦਾ ਤਿਉਹਾਰ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਵਿਦਿਆਰਥੀਆਂ ਨੇ ਦੀਵਾਲੀ ਦੀ ਮਹੱਤਤਾ ਦੱਸਦੇ ਹੋਏ ਭਾਸ਼ਣ, ਕਵਿਤਾਵਾਂ, ਨਾਟਕ ਆਦਿ ਪੇਸ਼ ਕੀਤੇ ਗਏ। ਇਸ ਤੋਂ ਇਲਾਵਾ ਵਿਦਿਆਰਥੀਆਂ ਵਲੋਂ ਮਨੋਰੰਜਨ ਕਰਨ ਲਈ ਖਾਣ-ਪੀਣ ਦੇ ਵੱਖ-ਵੱਖ ਸਟਾਲ ਤੇ ਦਿਲਚਸਪ ਖੇਡਾਂ ਖਿਡਾਈਆਂ ਗਈਆਂ। ਸਕੂਲ ਦੀ ਸਮੂਹ ਪ੍ਰਬੰਧਕ ਕਮੇਟੀ ਵਲੋਂ ਵਿਦਿਆਰਥੀਆਂ ਨੂੰ ਦੀਵਾਲੀ ਬਾਰੇ ਜਾਣਕਾਰੀ ਦਿੰਦੇ ਹੋਏ ਸੱਚਾਈ ਦਾ ਸਾਥ ਦੇਣਾ, ਹਰ ਹਾਲਤ ਵਿਚ ਸੰਜਮ, ਦਲੇਰੀ ਤੇ ਬਹਾਦਰੀ ਤੋਂ ਕੰਮ ਲੈਣ ਆਦਿ ਬਾਰੇ ਸਿੱਖਿਆ ਦਿੱਤੀ ਤੇ ਨਾਲ ਹੀ ਨਾਲ ਵਿਦਿਆਰਥੀਆਂ ਨੂੰ ਆਪਣਾ ਆਲਾ-ਦੁਆਲਾ ਸ਼ੁੱਧ ਤੇ ਸਾਫ਼ ਰੱਖਣ ਲਈ ਗ੍ਰੀਨ ਦੀਵਾਲੀ ਮਨਾਉਣ ਲਈ ਉਤਸ਼ਾਹਿਤ ਕੀਤਾ ਤਾਂ ਜੋ ਜੀਵ-ਜੰਤੂ ਅਤੇ ਬਜ਼ੁਰਗਾਂ ਨੂੰ ਘੱਟ ਤੋਂ ਘੱਟ ਤਕਲੀਫ਼ ਹੋਵੇ। ਇਸ ਮੌਕੇ ਸਮੂਹ ਅਧਿਆਪਕਾਂ ਤੇ ਵਿਦਿਆਰਥੀ ਹਾਜ਼ਰ ਸਨ।


ਹੜ੍ਹ ਪ੍ਰਭਾਵਿਤ ਪਿੰਡਾਂ ਦੇ ਲੋਕਾਂ ਨੂੰ ਸਹਾਇਤਾ ਰਾਸ਼ੀ ਵੰਡਦੇ ਹੋਏ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ। ਤਸਵੀਰ: ਚੱਕਰਾਜਾ

# ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਹੜ੍ਹ ਪ੍ਰਭਾਵਿਤ 3 ਪਿੰਡਾਂ ਦੇ 75 ਲਾਭਪਾਤਰੀਆਂ ਨੂੰ 12 ਲੱਖ 38 ਹਜ਼ਾਰ ਦੀ ਰਾਹਤ ਰਾਸ਼ੀ ਵੰਡੀ

## ਕਿਹਾ, ਪੰਜਾਬ ਸਰਕਾਰ ਨੇ ਕਿਸਾਨਾਂ ਨੂੰ ਫ਼ਸਲਾਂ ਦੇ ਮੁਆਵਜ਼ੇ ਵਜੋਂ 20 ਹਜ਼ਾਰ ਰੁਪਏ ਪ੍ਰਤੀ ਏਕੜ ਦਿੱਤਾ

ਗੁਰਦਾਸਪੁਰ, 19 ਅਕਤੂਬਰ (ਚੱਕਰਾਜਾ)-ਹਲਕਾ ਇੰਚਾਰਜ ਦੀਨਾਨਗਰ ਸ਼ਮਸ਼ੇਰ ਸਿੰਘ ਵਲੋਂ ਦੀਨਾਨਗਰ ਦੇ ਹੜ੍ਹ ਪ੍ਰਭਾਵਿਤ ਤਿੰਨ ਪਿੰਡਾਂ ਦੇ 75 ਲਾਭਪਾਤਰੀਆਂ ਨੂੰ 12 ਲੱਖ 38 ਹਜ਼ਾਰ 241 ਰੁਪਏ ਦੀ ਰਾਹਤ ਰਾਸ਼ੀ ਦੇ ਮਨਜ਼ੂਰੀ ਪੱਤਰ ਵੰਡੇ ਗਏ। ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਮੁਆਵਜ਼ਾ ਵੰਡਣ ਮੌਕੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਹੜ੍ਹ ਪਿੰਡਾਂ ਦੇ ਬਾਕੀ ਰਹਿੰਦੇ ਹੜ੍ਹ ਪ੍ਰਭਾਵਿਤ ਲੋਕਾਂ ਦਾ ਡਾਟਾ ਇਕੱਠਾ ਕਰਨ ਦਾ ਕੰਮ ਜਿਵੇਂ-ਜਿਵੇਂ ਮੁਕੰਮਲ ਹੁੰਦਾ ਜਾਵੇਗਾ, ਉਸੇ ਤਰ੍ਹਾਂ ਹੀ ਨਾਲ ਦੀ ਨਾਲ ਉਨ੍ਹਾਂ ਪ੍ਰਭਾਵਿਤ ਲੋਕਾਂ ਦੇ ਬੈਂਕ ਖਾਤਿਆਂ 'ਚ ਮੁਆਵਜ਼ਾ ਰਾਸ਼ੀ ਪਾ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਦੇਸ਼ ਅੰਦਰ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਇਹ ਪਹਿਲੀ ਸਰਕਾਰ ਹੈ, ਜੋ ਕਿਸਾਨਾਂ ਨੂੰ ਫ਼ਸਲਾਂ ਦੇ ਮੁਆਵਜ਼ੇ ਵਜੋਂ 20 ਹਜ਼ਾਰ ਰੁਪਏ ਪ੍ਰਤੀ ਏਕੜ ਦੇ ਰਹੀ ਹੈ ਤੇ ਉਹ ਵੀ ਨੁਕਸਾਨ ਹੋਣ ਦੇ ਸਿਰਫ਼ ਇਕ ਡੇਢ ਮਹੀਨੇ ਦੇ ਅੰਦਰ-ਅੰਦਰ ਵੰਡੀ ਜਾ ਰਹੀ ਹੈ ਤਾਂ ਕਿ ਲੋਕਾਂ ਨੂੰ ਹੋਏ ਭਾਰੀ ਨੁਕਸਾਨ ਤੋਂ ਕੁਝ ਰਾਹਤ ਦਿਵਾਈ ਜਾ ਸਕੇ। ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਦੇ ਹਰ ਵਰਗ ਦੇ ਲੋਕਾਂ ਦੀ ਹਿਤੈਸ਼ੀ ਸਰਕਾਰ ਹੈ। ਮੁੱਖ ਮੰਤਰੀ ਭਗਵੰਤ ਮਾਨ ਲੋਕਾਂ ਦਾ ਦਰਦ ਚੰਗੀ ਤਰ੍ਹਾਂ ਜਾਣਦੇ ਹਨ ਤੇ ਉਸੇ ਅਨੁਸਾਰ ਹੀ ਲੋਕ ਹਿੱਤ 'ਚ ਕੰਮ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਦੀਨਾਨਗਰ ਦੇ ਪਿੰਡ ਤਾਜਪੁਰ ਵਿਖੇ ਕੁੱਲ 68 ਲਾਭਪਾਤਰੀਆਂ 'ਚੋਂ 25 ਲਾਭਪਾਤਰੀਆਂ ਨੂੰ 4,16,900 ਰੁਪਏ ਵੰਡੇ ਗਏ ਹਨ। ਜਦੋਂਕਿ ਪਿੰਡ ਗੰਜਾ ਤੇ ਗੰਜੀ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਗੰਜੀ ਪਿੰਡ ਦੇ 179 ਲਾਭਪਾਤਰੀਆਂ ਵਿਚੋਂ 30 ਲਾਭਪਾਤਰੀਆਂ ਨੂੰ 4,15, 579 ਰੁਪਏ ਤੇ ਪਿੰਡ ਗੰਜਾ ਦੇ 160 ਲਾਭਪਾਤਰੀਆਂ ਵਿਚੋਂ 20 ਲਾਭਪਾਤਰੀਆਂ ਨੂੰ 4,05,762 ਲੱਖ ਰੁਪਏ ਵੰਡੇ ਗਏ ਹਨ। ਇਸ ਤਰ੍ਹਾਂ ਅੱਜ ਤਿੰਨ ਪਿੰਡਾਂ ਦੇ ਕੁੱਲ 75 ਲਾਭਪਾਤਰੀਆਂ ਨੂੰ 12, 38, 241 ਰੁਪਏ ਵੰਡੇ ਗਏ ਹਨ।

# ਏ.ਡੀ.ਸੀ. ਡਾ. ਬੇਦੀ ਨੇ ਸੇਂਟ ਵਰਿਆਰਜ ਸਕੂਲ ਬਸਰਾਏ ਵਿਖੇ ਮੁਫ਼ਤ ਯੂ.ਪੀ.ਐੱਸ.ਸੀ. ਦੀਆਂ ਆਨਲਾਈਨ ਕਲਾਸਾਂ ਦਾ ਉਦਘਾਟਨ ਕੀਤਾ

ਬਟਾਲਾ, 19 ਅਕਤੂਬਰ (ਸਤਿੰਦਰ ਸਿੰਘ)-ਵਿਦਿਆਰਥੀਆਂ 'ਚ ਮੁਕਾਬਲੇ ਦੀ ਭਾਵਨਾ ਪੈਦਾ ਕਰਨ ਤੇ ਉਨ੍ਹਾਂ ਨੂੰ ਦੇਸ਼ 'ਚ ਉੱਚ ਅਹੁਦੇ ਪ੍ਰਾਪਤ ਕਰਨ ਲਈ ਪ੍ਰੇਰਿਤ ਕਰਨ ਲਈ, ਗੁਰਦਾਸਪੁਰ ਜ਼ਿਲ੍ਹਾ ਪ੍ਰਸ਼ਾਸਨ ਨੇ ਡਾਇਰੈਕਟਰ ਸਰਵਣ ਸਿੰਘ ਧੰਦਲ ਤੇ ਚੇਅਰਮੈਨ ਸੱਜਣ ਸਿੰਘ ਧੰਦਲ ਦੇ ਸਹਿਯੋਗ ਨਾਲ ਸੇਂਟ ਵਰਿਆਰਜ ਸਕੂਲ ਬਸਰਾਏ ਵਿਖੇ ਯੂ.ਪੀ.ਐੱਸ.ਸੀ. ਤੇ ਸਿਵਲ ਸੇਵਾਵਾਂ ਪ੍ਰੀਖਿਆ ਦੀ ਤਿਆਰੀ ਲਈ ਮੁਫ਼ਤ ਕੋਚਿੰਗ ਸ਼ੁਰੂ ਕੀਤੀ ਹੈ। ਏ.ਡੀ.ਸੀ. ਜਨਰਲ ਡਾ. ਹਰਜਿੰਦਰ ਸਿੰਘ ਬੇਦੀ (ਆਈ.ਏ.ਐੱਸ.) ਨੇ ਸਕੂਲ ਕੰਪਲੈਕਸ ਦਾ ਦੌਰਾ ਕਰਕੇ ਯੂ.ਪੀ.ਐੱਸ.ਸੀ. ਸਿਵਲ ਸੇਵਾਵਾਂ ਦੀ ਮੁਫ਼ਤ ਕੋਚਿੰਗ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਨਾਲ ਡੀ.ਪੀ.ਆਰ.ਓ. ਹਰਜਿੰਦਰ ਸਿੰਘ ਕਲਸੀ, ਜ਼ਿਲ੍ਹਾ ਗਾਈਡੈਂਸ ਕੌਂਸਲਰ ਪਰਮਿੰਦਰ ਸਿੰਘ ਸੈਣੀ ਤੇ ਸਹਾਇਕ ਜ਼ਿਲ੍ਹਾ ਗਾਈਡੈਂਸ ਕੌਂਸਲਰ ਮੁਕੇਸ਼ ਕੁਮਾਰ ਵੀ ਮੌਜੂਦ ਸਨ। ਡਾਇਰੈਕਟਰ ਸਰਵਣ ਸਿੰਘ ਧੰਦਲ, ਚੇਅਰਮੈਨ ਸੱਜਣ ਸਿੰਘ ਧੰਦਲ ਤੇ ਪ੍ਰਿੰਸੀਪਲ ਪਰਮਵੀਰ ਸਿੰਘ ਨੇ ਫੁੱਲਾਂ ਦੇ ਗੁਲਦਸਤੇ ਨਾਲ ਉਨ੍ਹਾਂ ਦਾ ਸਵਾਗਤ ਕੀਤਾ। ਪ੍ਰੋਗਰਾਮ ਦੀ ਸ਼ੁਰੂਆਤ ਦੀਵਾ ਜਗਾਉਣ ਨਾਲ ਹੋਈ। ਵਿਦਿਆਰਥਣਾਂ ਨੇ ਸੱਭਿਆਚਾਰਕ ਪ੍ਰੋਗਰਾਮ ਨਾਲ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿੱਤਾ। ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਦੇਸ਼ ਦੇ ਲੱਖਾਂ ਨੌਜਵਾਨ ਇਨ੍ਹਾਂ ਪ੍ਰੀਖਿਆਵਾਂ ਤੋਂ ਅਨਜਾਣ ਹਨ। ਜ਼ਿਲ੍ਹਾ ਮੈਜਿਸਟ੍ਰੇਟ ਦਲਵਿੰਦਰਜੀਤ ਸਿੰਘ ਆਈ.ਏ.ਐੱਸ. ਅਤੇ ਉਨ੍ਹਾਂ ਦਾ ਮੁੱਖ ਟੀਚਾ ਆਪਣੇ ਜ਼ਿਲ੍ਹੇ ਦੇ ਨੌਜਵਾਨਾਂ ਨੂੰ ਇਨ੍ਹਾਂ ਪ੍ਰੀਖਿਆਵਾਂ ਦੀ ਤਿਆਰੀ ਕਰਨ ਤੇ ਉੱਚ ਅਹੁਦਿਆਂ 'ਤੇ ਪਹੁੰਚਣ ਵਿਚ ਮਦਦ ਕਰਨਾ ਹੈ। ਸਮਾਗਮ ਦੇ ਅੰਤ 'ਚ ਪ੍ਰਿੰਸੀਪਲ ਪਰਮਵੀਰ ਸਿੰਘ ਤੇ ਸਹਾਇਕ ਡਾਇਰੈਕਟਰ ਰਣਜੀਤ ਕੌਰ ਨੇ ਏ.ਡੀ.ਸੀ. ਡਾ. ਹਰਜਿੰਦਰ ਸਿੰਘ ਬੇਦੀ ਦਾ ਧੰਨਵਾਦ ਕੀਤਾ।


ਏ.ਡੀ.ਸੀ. ਜਨਰਲ ਡਾ. ਹਰਜਿੰਦਰ ਸਿੰਘ ਬੇਦੀ ਮੁਫ਼ਤ ਯੂ.ਪੀ.ਐੱਸ.ਸੀ. ਕੋਚਿੰਗ ਕਲਾਸਾਂ ਦਾ ਉਦਘਾਟਨ ਕਰਦੇ ਹੋਏ। ਅਜੀਤ ਤਸਵੀਰ

## ਹਿਮਾਲਿਆ ਸਕੂਲ ਬਾਬੋਵਾਲ ਵਿਖੇ ਦੀਵਾਲੀ ਤਿਉਹਾਰ 'ਤੇ ਰੰਗੋਲੀ ਮੁਕਾਬਲੇ ਕਰਵਾਏ

ਗੁਰਦਾਸਪੁਰ, 19 ਅਕਤੂਬਰ (ਚੱਕਰਾਜਾ)-ਦੀਵਾਲੀ ਦੇ ਤਿਉਹਾਰ ਨੂੰ ਮੁੱਖ ਰੱਖਦੇ ਹੋਏ ਹਿਮਾਲਿਆ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਬਾਬੋਵਾਲ ਵਿਚ ਅੱਜ ਰੰਗੋਲੀ ਦੇ ਮੁਕਾਬਲੇ ਕਰਵਾਏ ਗਏ। ਇਸ ਮੁਕਾਬਲੇ ਵਿਚ 9ਵੀਂ ਜਮਾਤ ਦੇ ਵਿਦਿਆਰਥੀਆਂ ਨੇ ਪਹਿਲਾ, 12ਵੀਂ ਜਮਾਤ ਦੇ ਵਿਦਿਆਰਥੀਆਂ ਨੇ ਦੂਜਾ ਅਤੇ ਸੱਤਵੀਂ ਤੇ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਰੰਜੂ ਸੈਣੀ ਨੇ ਵਿਦਿਆਰਥੀਆਂ ਨੂੰ ਦੀਵਾਲੀ ਦੇ ਤਿਉਹਾਰ ਦੀ ਮਹੱਤਤਾ ਦੱਸਦੇ ਹੋਏ ਵਿਦਿਆਰਥੀਆਂ ਨੂੰ ਭਵਿੱਖ ਵਿਚ ਵੀ ਅਜਿਹੀਆਂ ਪ੍ਰਤੀਯੋਗਤਾਵਾਂ ਵਿਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਇਸ ਦੇ ਨਾਲ-ਨਾਲ ਉਨ੍ਹਾਂ ਵਿਦਿਆਰਥੀਆਂ ਅਤੇ ਸਮੂਹ ਸਟਾਫ਼ ਮੈਂਬਰਾਂ ਨੂੰ ਦੀਵਾਲੀ ਦੀ ਵਧਾਈ ਦਿੱਤੀ।

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਸਾਰੇ ਜਗਤ ਨੂੰ ਲੱਖ-ਲੱਖ ਵਧਾਈਆਂ ਹੋਣ।
ਬਘੇਲ ਸਿੰਘ ਮਾਹਲ
ਲੋਕ ਇਨਸਾਫ ਮੋਰਚਾ ਸਰਕਲ ਪ੍ਰਧਾਨ ਤੇ ਸ਼੍ਰੋਮਣੀ ਅਕਾਲੀ ਦਲ ਆਗੂ



# ਗਿੱਲ ਪਗੜੀ ਸੈਂਟਰ ਬਟਾਲਾ ਨੇ ਟ੍ਰੈਫਿਕ ਪੁਲਿਸ ਨੂੰ ਦਸਤਾਰਾਂ ਦੇ ਕੇ ਕੀਤੀ ਸੇਵਾ

ਬਟਾਲਾ, 19 ਅਕਤੂਬਰ (ਹਰਦੀਪ ਸਿੰਘ ਸੰਧੂ)-ਬਟਾਲਾ ਸ਼ਹਿਰ ਦੇ ਉੱਘੇ ਸਮਾਜ ਸੇਵਕ ਤੇ ਗਿੱਲ ਪਗੜੀ ਸੈਂਟਰ ਗਾਂਧੀ ਚੌਕ ਦੇ ਮਾਲਕ ਰਣਜੀਤ ਸਿੰਘ ਗਿੱਲ ਵਲੋਂ ਸਮਾਜ ਸੇਵਾ ਦਾ ਇਕ ਹੋਰ ਉਪਰਾਲਾ ਕਰਦਿਆਂ ਬਟਾਲਾ ਟ੍ਰੈਫਿਕ ਪੁਲਿਸ ਦੇ 60 ਦੇ ਕਰੀਬ ਮੁਲਾਜ਼ਮਾ ਨੂੰ ਸੇਵਾ ਵਜੋਂ ਦਸਤਾਰ ਭੇਟ ਕੀਤੀਆਂ। ਇਸ ਬਾਰੇ ਰਣਜੀਤ ਸਿੰਘ ਗਿੱਲ ਨੇ ਦੱਸਿਆ ਕਿ ਬਟਾਲਾ ਟ੍ਰੈਫਿਕ ਪੁਲਿਸ ਮੁਲਾਜ਼ਮਾਂ ਵਲੋਂ ਬਟਾਲਾ 'ਚ ਬਹੁਤ ਹੀ ਸਖ਼ਤ ਮਿਹਨਤ ਕੀਤੀ ਜਾ ਰਹੀ ਹੈ ਤੇ ਬਹੁਤ ਹੀ ਸੁਚੱਜੇ ਢੰਗ ਨਾਲ ਆਪਣੀ ਡਿਊਟੀ ਨਿਭਾਈ ਜਾ ਰਹੀ ਹੈ, ਜਿਸ ਨੂੰ ਲੈ ਕੇ ਗਿੱਲ ਪਗੜੀ ਸੈਂਟਰ ਵਲੋਂ ਦੀਵਾਲੀ ਨੂੰ ਮੁੱਖ ਰੱਖਦਿਆਂ ਇਕ ਨਿਮਾਣਾ ਜਿਹਾ ਉਪਰਾਲਾ ਕਰਕੇ ਟ੍ਰੈਫਿਕ ਪੁਲਿਸ ਤੇ ਬੱਸ ਸਟੈਂਡ ਚੌਕੀ ਪੁਲਿਸ ਦੇ ਮੁਲਾਜ਼ਮਾਂ ਨੂੰ ਤੋਹਫ਼ੇ ਵਜੋਂ ਦਸਤਾਰਾਂ ਭੇਟ ਕੀਤੀਆਂ ਗਈਆਂ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਸੇਵਾ ਨੂੰ ਸਮਰਪਿਤ ਹੋਰ ਉਪਰਾਲੇ ਕੀਤੇ ਜਾਣਗੇ। ਇਸ ਮੌਕੇ ਟ੍ਰੈਫਿਕ ਇੰਚਾਰਜ ਸੁਰਿੰਦਰ ਸਿੰਘ ਗੁਰਾਇਆ, ਬੱਸ ਸਟੈਂਡ ਚੌਕੀ ਇੰਚਾਰਜ ਜਗਤਾਰ ਸਿੰਘ, ਏ.ਐਸ.ਆਈ. ਰਜੇਸ਼ ਕੁਮਾਰ, ਏ.ਐਸ.ਆਈ. ਜਸਪਾਲ ਸਿੰਘ, ਸਬ ਇੰਸਪੈਕਟਰ ਹਰਜੀਤ ਸਿੰਘ, ਦਲਜੀਤ ਸਿੰਘ, ਰਣਜੀਤ ਸਿੰਘ, ਵਿਕਾਸ, ਰੋਹਿਤ, ਰਾਹੁਲ ਸੰਨੀ, ਸਰਬਜੀਤ ਸਿੰਘ, ਬਬਲੂ ਆਦਿ ਹਾਜ਼ਰ ਸਨ।


ਦੀਵਾਲੀ ਮੌਕੇ ਟ੍ਰੈਫਿਕ ਪੁਲਿਸ ਬਟਾਲਾ ਨੂੰ ਦਸਤਾਰਾਂ ਭੇਟ ਕਰਦੇ ਹੋਏ ਗਿੱਲ ਪਗੜੀ ਸੈਂਟਰ ਬਟਾਲਾ। ਅਜੀਤ ਤਸਵੀਰ

## ਚੋਰੀ ਦਰੱਖਤ ਵੱਢਣ ਦੇ ਦੋਸ਼ਾਂ ਹੇਠ 6 'ਤੇ ਮਾਮਲਾ ਦਰਜ

ਗੁਰਦਾਸਪੁਰ, 19 ਅਕਤੂਬਰ (ਚੱਕਰਾਜਾ)-ਥਾਣਾ ਸਦਰ ਗੁਰਦਾਸਪੁਰ ਦੀ ਪੁਲਿਸ ਵਲੋਂ ਚੋਰੀ ਦੇ ਦਰੱਖਤ ਵੱਢਣ ਦੇ ਦੋਸ਼ਾਂ ਹੇਠ ਛੇ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ। ਇਸ ਸੰਬੰਧੀ ਪੁਲਿਸ ਨੂੰ ਦਿੱਤੀ ਜਾਣਕਾਰੀ 'ਚ ਅਮਰੀਕ ਸਿੰਘ ਪੁੱਤਰ ਮਿਲਖਾ ਸਿੰਘ ਵਾਸੀ ਐਲਗੋ ਕਲਾਂ ਜ਼ਿਲ੍ਹਾ ਤਰਨ ਤਾਰਨ ਨੇ ਪੁਲਿਸ ਨੂੰ ਸ਼ਿਕਾਇਤ ਕੀਤੀ ਸੀ ਕਿ ਉਸ ਦੀ ਪਿੰਡ ਸਿਧਵਾਂ ਜਮੀਤਾਂ 'ਚ ਇਕ ਰਾਈਸ ਮਿਲ ਹੈ। ਜਿਸ ਦੇ ਬੋਇਲਰ ਨੂੰ ਚਲਾਉਣ ਲਈ ਉਨ੍ਹਾਂ ਵਲੋਂ ਸਰਕਾਰੀ ਹਦਾਇਤਾਂ ਮੁਤਾਬਿਕ ਇਸ ਦੇ ਨਾਲ ਲੱਗਦੀ ਇਕ ਏਕੜ ਜ਼ਮੀਨ 'ਚ ਸਫੈਦੇ ਦੇ ਦਰੱਖ਼ਤ ਲਗਾਏ ਗਏ ਹਨ। ਉਨ੍ਹਾਂ ਦੋਸ਼ ਲਗਾਇਆ ਕਿ 26 ਸਤੰਬਰ 2025 ਨੂੰ ਮਨੋਹਰ ਲਾਲ ਅਤੇ ਬਸੰਤ ਲਾਲ ਉਨ੍ਹਾਂ ਦੀ ਜ਼ਮੀਨ 'ਚੋਂ ਇਹ ਸਫੈਦੇ ਦੇ ਬੂਟੇ ਬਿਨਾਂ ਉਨ੍ਹਾਂ ਦੀ ਆਗਿਆ ਕੱਟ ਰਹੇ ਸਨ। ਉਨ੍ਹਾਂ ਦੱਸਿਆ ਕਿ ਜਦੋਂ ਉਹ ਮੌਕੇ 'ਤੇ ਪਹੁੰਚੇ ਤਾਂ ਉਕਤ ਵਿਅਕਤੀਆਂ ਤੋਂ ਦਰੱਖਤ ਵੱਢਣ ਬਾਰੇ ਪੁੱਛਿਆ ਗਿਆ ਤਾਂ ਉਨ੍ਹਾਂ ਦੱਸਿਆ ਕਿ ਇਹ ਬੂਟੇ ਮਨੀਸ਼ ਅਗਰਵਾਲ, ਵਾਕਿਸ਼ ਅਗਰਵਾਲ, ਸਤੀਸ਼ ਅਗਰਵਾਲ ਤੇ ਮਨੋਜ ਅਗਰਵਾਲ ਵਲੋਂ ਉਨ੍ਹਾਂ ਨੂੰ ਵੇਚੇ ਗਏ ਹਨ। ਜਿਸ ਤੋਂ ਬਾਅਦ ਉਨ੍ਹਾਂ ਵਲੋਂ ਪੁਲਿਸ ਨੂੰ ਇਸ ਦੀ ਸ਼ਿਕਾਇਤ ਦਿੱਤੀ ਗਈ ਸੀ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਲੋਕ ਸੰਘਰਸ਼ ਮੋਰਚੇ ਦੇ ਸੂਬਾ ਪ੍ਰਧਾਨ ਰਣਜੀਤ ਸਿੰਘ ਕਾਹਲੋਂ ਨੇ ਦੱਸਿਆ ਕਿ ਉਕਤ ਦੋਸ਼ੀਆਂ 'ਤੇ ਮਾਮਲਾ ਦਰਜ ਕਰਵਾਉਣ ਲਈ ਅੱਜ ਉਨ੍ਹਾਂ ਵਲੋਂ ਐਸ. ਐਸ. ਪੀ. ਦਫ਼ਤਰ ਸਾਹਮਣੇ ਧਰਨਾ ਦੇਣ ਦਾ ਪ੍ਰੋਗਰਾਮ ਉਲੀਕਿਆ ਗਿਆ ਸੀ, ਪਰ ਉਸ ਤੋਂ ਪਹਿਲਾਂ ਹੀ ਪੁਲਿਸ ਵਲੋਂ ਉਕਤ ਦੋਸ਼ੀਆਂ ਦੇ ਖ਼ਿਲਾਫ਼ ਮਾਮਲਾ ਦਰਜ ਕਰ ਦਿੱਤਾ ਗਿਆ।

## 'ਅਜੀਤ' ਉਪ ਦਫ਼ਤਰਾਂ ਦਾ ਪਤਾ ਤੇ ਸੰਪਰਕ ਨੰਬਰ

ਅਜੀਤ/ਅਜੀਤ ਸਮਾਚਾਰ ਹੜ੍ਹ ਰਾਹਤ ਫੰਡ ਵਿਚ ਯੋਗਦਾਨ ਪਾਉਣ ਲਈ ਅਜੀਤ ਪ੍ਰਕਾਸ਼ਨ ਸਮੂਹ ਦੇ ਹੇਠ ਲਿਖੇ ਉਪ-ਦਫ਼ਤਰਾਂ ਵਿਚ ਯੋਗਦਾਨ ਰਾਸ਼ੀ ਜਮ੍ਹਾ ਕਰਵਾ ਕੇ ਰਸੀਦ ਪ੍ਰਾਪਤ ਕੀਤੀ ਜਾਵੇ।

**ਬਟਾਲਾ**

| | |
|---|---|
| 89-90, ਮਹਾਰਾਜਾ ਮਾਰਕੀਟ<br>ਬੱਸ ਸਟੈਂਡ ਦੇ ਸਾਹਮਣੇ | 96469-99181<br>01871-500148 |

**ਗੁਰਦਾਸਪੁਰ**

| | |
|---|---|
| 33-35A ਸ਼ਾਪਿੰਗ ਕੰਪਲੈਕਸ ਇੰਪਰੂਵਮੈਂਟ<br>ਟਰੱਸਟ ਕਾਲੋਨੀ ਸਕੀਮ ਨੰ: 5 ਜੇਲ੍ਹ ਰੋਡ,<br>ਸਾਹਮਣੇ ਜਵਾਹਰ ਐਨਕਲੇਵ (ਡਾਲਾ ਫਾਰਮ) | 81959-31919<br>01874-242488 |

ਸਮੂਹ ਸੰਗਤ ਨੂੰ
ਬੰਦੀ ਛੋੜ ਦਿਵਸ
ਅਤੇ
ਦੀਵਾਲੀ
ਦੀ ਲੱਖ-ਲੱਖ ਵਧਾਈ
ਹਰਮੀਤ ਸਿੰਘ ਕਾਲਕਾ
ਪ੍ਰਧਾਨ
ਜਗਦੀਪ ਸਿੰਘ ਕਾਹਲੋਂ
ਜਨਰਲ ਸਕੱਤਰ
ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ